SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 148** | **Thursday, August 03, 2023** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online*** ਰੋਜ਼ਾਨਾ ਪੜ੍ਹ ਸਕਦੇ ਹੋ

## ਬਰਲਿੰਗਟਨ ਦੇ ਰਿਹਾਇਸ਼ੀ ਇਲਾਕੇ ਵਿੱਚ ਲੱਗੀ ਅੱਗ, ਹਜ਼ਾਰਾਂ ਘਰਾਂ ਦੀ ਬਿਜਲੀ ਸਪਲਾਈ ਠੱਪ



ਟੋਰਾਂਟੋ, 2 ਅਗਸਤ (ਪੋਸਟ ਬਿਊਰੋ) : ਬੁੱਧਵਾਰ ਸਵੇਰੇ ਰਿਹਾਇਸ਼ੀ ਇਲਾਕੇ ਵਿੱਚ ਅੱਗ ਲੱਗ ਜਾਣ ਕਾਰਨ ਬਰਲਿੰਗਟਨ ਵਿੱਚ ਹਜ਼ਾਰਾਂ ਘਰਾਂ ਦੀ ਬਿਜਲੀ ਸਪਲਾਈ ਠੱਪ ਹੋ ਗਈ।

ਐਪਲਬੇਅ ਲਾਈਨ ਤੇ ਡੰਡਾਸ ਸਟਰੀਟ ਨੇੜੇ ਉਸਾਰੀ ਵਾਲੇ ਟਾਊਨਹੋਮਜ਼ ਵਿੱਚ ਲੱਗੀ ਇਸ ਅੱਗ ਉੱਤੇ ਕਾਬੂ ਪਾਉਣ ਲਈ ਸਵੇਰੇ 4:30 ਵਜੇ ਦੇ ਨੇੜੇ ਤੇੜੇ ਫਾਇਰ ਅਮਲਾ ਪਹੁੰਚਿਆ। ਸਵੇਰੇ 7:30 ਵਜੇ ਤੋਂ ਬਾਅਦ ਖਬਰ ਲਿਖੇ ਜਾਣ ਤੱਕ ਫਾਇਰ ਅਮਲੇ ਵੱਲੋਂ ਅੱਗ ਉੱਤੇ ਕਾਬੂ ਪਾਏ ਜਾਣ ਦੀਆਂ ਕੋਸ਼ਿਸ਼ਾਂ ਜਾਰੀ ਸਨ।

ਪੁਲਿਸ ਨੇ ਦੱਸਿਆ ਕਿ ਜਿਨ੍ਹਾਂ ਘਰਾਂ ਵਿੱਚ ਅੱਗ ਲੱਗੀ ਉਨ੍ਹਾਂ ਵਿੱਚ ਅਜੇ ਕੋਈ ਨਹੀਂ ਸੀ ਰਹਿ ਰਿਹਾ ਤੇ ਨਾ ਹੀ ਕਿਸੇ ਦੇ ਜ਼ਖ਼ਮੀ ਹੋਣ ਦੀ ਹੀ ਕੋਈ ਖਬਰ ਹੈ। ਅੱਗ ਲੱਗਣ ਦੇ ਕਾਰਨਾਂ ਦਾ ਵੀ ਪਤਾ ਨਹੀਂ ਲੱਗ ਸਕਿਆ। ਬਰਲਿੰਗਟਨ ਹਾਈਡਰੋ ਦਾ ਕਹਿਣਾ ਹੈ ਕਿ ਅੱਗ ਲੱਗਣ ਕਾਰਨ 2,850 ਕਸਟਮਰਜ਼ ਬਿਜਲੀ ਤੋਂ ਬਿਨਾਂ ਗੁਜ਼ਾਰਾ ਕਰਨ ਲਈ ਮਜਬੂਰ ਹਨ। ਨੁਕਸਾਨ ਦਾ ਜਾਇਜ਼ਾ ਲੈਣ ਲਈ ਹਾਈਡਰੋ ਅਮਲਾ ਵੀ ਮੌਕੇ ਉੱਤੇ ਮੌਜੂਦ ਸੀ। ਬਿਜਲੀ ਬਹਾਲ ਹੋਣ ਦਾ ਅੰਦਾਜ਼ਨ ਸਮਾਂ ਸਵੇਰੇ 9:30 ਦੱਸਿਆ ਜਾ ਰਿਹਾ ਹੈ।

## ਵਿਆਹ ਦੇ 18 ਸਾਲ ਬਾਅਦ ਵੱਖ ਹੋ ਰਹੇ ਹਨ ਟਰੂਡੋ ਤੇ ਸੋਫੀ



ਓਟਵਾ, 2 ਅਗਸਤ (ਪੋਸਟ ਬਿਊਰੋ) : 18 ਸਾਲਾਂ ਦੀ ਵਿਆਹੁਤਾ ਜ਼ਿੰਦਗੀ ਤੋਂ ਬਾਅਦ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਉਨ੍ਹਾਂ ਦੀ ਪਤਨੀ ਸੋਫੀ ਗ੍ਰੈਗੋਇਰ ਟਰੂਡੋ ਵੱਖ ਹੋਣ ਜਾ ਰਹੇ ਹਨ। ਦੋਵਾਂ ਨੇ ਅਜੇ ਵੀ ਬੱਚਿਆਂ ਨੂੰ ਰਲ ਕੇ ਪਾਲਣ ਦਾ ਫੈਸਲਾ ਕੀਤਾ ਹੈ ਪਰ ਆਪ ਉਹ ਵੱਖ ਵੱਖ ਰਹਿਣਗੇ।

ਇਨਸਟਾਗ੍ਰਾਮ ਉੱਤੇ ਇੱਕ ਨਿੱਕਾ ਜਿਹਾ ਬਿਆਨ ਜਾਰੀ ਕਰਕੇ ਟਰੂਡੋ ਨੇ ਆਖਿਆ ਕਿ ਬਹੁਤ ਸਾਰੀ ਅਰਥਭਰਪੂਰ ਤੇ ਔਖੀ ਗੱਲਬਾਤ ਤੋਂ ਬਾਅਦ ਉਨ੍ਹਾਂ ਦੋਵਾਂ ਨੇ ਅੱਡ ਹੋਣ ਦਾ ਫੈਸਲਾ ਕੀਤਾ ਹੈ। ਇਸ ਪੋਸਟ ਵਿੱਚ ਟਰੂਡੋ ਨੇ ਆਖਿਆ ਕਿ ਹਮੇਸ਼ਾਂ ਵਾਂਗ ਹੀ ਅਸੀਂ ਪਰਿਵਾਰ ਵਜੋਂ ਇੱਕ ਦੂਜੇ ਨਾਲ ਜੁੜੇ ਰਹਾਂਗੇ ਤੇ ਇੱਕ ਦੂਜੇ ਦਾ ਆਦਰ ਸਤਿਕਾਰ ਕਰਾਂਗੇ। ਅਸੀਂ ਹੁਣ ਤੱਕ ਜੋ ਵੀ ਬਣਾਇਆ ਹੈ ਤੇ ਜੋ ਅੱਗੇ ਬਣਾਂਵਾਂਗੇ ਉਹ ਸਾਡਾ

... ਬਾਕੀ ਸਫਾ 2 'ਤੇ

## ਅਗਲੇ ਹਫਤੇ ਤੋਂ ਪ੍ਰੈਸਟੋ ਕਾਰਡ ਹੋ ਜਾਵੇਗਾ ਸਸਤਾ



ਟੋਰਾਂਟੋ, 2 ਅਗਸਤ (ਪੋਸਟ ਬਿਊਰੋ) : ਅਗਲੇ ਹਫਤੇ ਤੋਂ ਮੈਟਰੋਲਿੰਕਸ ਪ੍ਰੈਸਟੋਕਾਰਡ ਦੀਆਂ ਕੀਮਤਾਂ ਘਟਾਉਣ ਜਾ ਰਹੀ ਹੈ। ਇਸ ਨਾਲ ਗ੍ਰੇਟਰ ਟੋਰਾਂਟੋ ਏਰੀਆ ਤੇ ਹੈਮਿਲਟਨ ਏਰੀਆ (ਜੀਟੀਐਚਏ) ਦੇ ਲੋਕਾਂ ਲਈ ਆਉਣਾ ਜਾਣਾ ਸੌਖਾ ਹੋ ਜਾਵੇਗਾ।

8 ਅਗਸਤ ਤੋਂ ਸ਼ੁਰੂ ਹੋ ਕੇ ਪ੍ਰੈਸਟੋ ਕਾਰਡ ਦੀ ਕੀਮਤ 4 ਡਾਲਰ ਕਰ ਦਿੱਤੀ ਜਾਵੇਗੀ, ਜੋ ਕਿ ਇਸ ਸਮੇਂ 6 ਡਾਲਰ ਹੈ। ਪ੍ਰੈਸਟੋ ਕਾਰਡ ਟਰਾਂਜ਼ਿਟ ਕਸਟਮਰ ਸਰਵਿਸ ਆਊਟਲੈੱਟਸ, ਸ਼ੌਪਰਜ਼ ਡਰੱਗ ਮਾਰਟ ਲੋਕੇਸ਼ਨਜ਼, ਫੇਅਰ ਵੈਂਡਿੰਗ ਮਸ਼ੀਨਾਂ ਤੇ ਟਿਕਟ ਵੈਂਡਿੰਗ ਮਸ਼ੀਨਾਂ ਉੱਤੇ ਉਪਲਬਧ ਹਨ। ਗੋ ਟਰਾਂਜ਼ਿਟ ਤੇ ਅੱਪ ਐਕਸਪ੍ਰੈੱਸ ਸਮੇਤ ਪ੍ਰੈਸਟੋ ਕਾਰਡਜ਼ ਦੀ ਵਰਤੋਂ ਜੀਟੀਐਚਏ ਤੇ ਓਟਵਾ ਵਿੱਚ ਕਈ ਟਰਾਂਜ਼ਿਟ ਏਜੰਸੀਆਂ ਦਾ ਕਿਰਾਇਆ ਦੇਣ ਲਈ ਕੀਤੀ ਜਾ ਸਕਦੀ ਹੈ।

ਮੈਟਰੋ ਲਿੰਕਸ ਦੇ ਤਰਜ਼ਮਾਨ ਨੇ ਦੱਸਿਆ ਕਿ ਨਵਾਂ ਪ੍ਰੈਸਟੋ ਕਾਰਡ ਖਰੀਦਣ ਤੋਂ ਬਾਅਦ ਕਸਟਮਰਜ਼ ਉਸ ਵਿੱਚ ਪੈਸੇ ਪਵਾਉਣ ਤੋਂ ਪਹਿਲਾਂ ਅਕਾਊਂਟ ਬਣਾ ਸਕਦੇ ਹਨ। ਅਜਿਹਾ ਕਰਨ ਲਈ ਕਾਰਡ ਖਰੀਦਣ ਤੋਂ ਬਾਅਦ 24 ਘੰਟੇ ਦਾ ਸਮਾਂ ਲੱਗ ਸਕਦਾ ਹੈ। ਟਰਾਂਜ਼ਿਟ ਏਜੰਸੀ ਦੇ ਕੁੱਝ ਡਿਸਕਾਊਂਟ, ਜਿਹੜੇ ਯੂਥ, ਪੋਸਟ ਸੈਕੰਡਰੀ ਵਿਦਿਆਰਥੀਆਂ ਤੇ ਬਜ਼ੁਰਗਾਂ ਲਈ ਹੁੰਦੇ ਹਨ, ਉਹ ਪ੍ਰੈਸਟੋ ਕਾਰਡ ਨਾਲ ਹੀ ਮਿਲਦੇ ਹਨ।

ਇੱਕ ਸਾਲ ਪਹਿਲਾਂ ਮੈਟਰੋ ਲਿੰਕਸ ਨੇ ਡੈਬਿਟ ਜਾਂ ਕ੍ਰੈਡਿਟ ਕਾਰਡ ਨਾਲ ਟੈਪ ਕਰਕੇ ਅਦਾਇਗੀ ਕਰਨ ਦਾ ਬਦਲ ਵੀ ਪੇਸ਼ ਕੀਤਾ ਸੀ। ਇਸ ਤਹਿਤ ਫਨ ਤੇ ਘੜੀ ਰਾਹੀਂ ਵੀ ਗੋ ਟਰਾਂਜ਼ਿਟ, ਅੱਪ ਐਕਸਪ੍ਰੈੱਸ ਤੇ 905 ਟਰਾਂਜ਼ਿਟ ਸਿਸਟਮਜ਼ ਦੀ ਫੀਸ ਦਿੱਤੀ ਜਾ ਸਕਦੀ ਸੀ। ਆਪਣੇ ਕ੍ਰੈਡਿਟ ਕਾਰਡ, ਜਿਹੜੇ ਮੋਬਾਇਲ ਵਾਲੇਟਸ ਨਾਲ ਜੁੜੇ ਹੁੰਦੇ ਹਨ, ਰਾਹੀਂ ਅਦਾਇਗੀ ਕਰਨ ਲਈ ਵੀ ਕਸਟਮਰਜ਼ ਆਪਣਾ ਫੋਨ ਤੇ ਘੜੀ ਪ੍ਰੈਸਟੋ ਰੀਡਰ ਉੱਤੇ ਟੈਪ ਕਰ ਸਕਦੇ ਹਨ। ਮੈਟਰੋਲਿੰਕਸ ਦਾ ਕਹਿਣਾ ਹੈ ਕਿ ਉਹ ਜਲਦ ਹੀ ਸਮਾਰਟਫੋਨ ਵਾਲੈਟਸ ਵਿੱਚ ਪ੍ਰੈਸਟੋ ਕਾਰਡਜ਼ ਵਰਤਣ ਦਾ ਬਦਲ ਪੇਸ਼ ਕਰੇਗੀ।

## ਮਹਿਲਾ ਨੂੰ ਗੋਲੀ ਮਾਰਨ ਵਾਲਾ 60 ਸਾਲਾ ਮਸ਼ਕੂਕ ਕਾਬੂ



ਓਨਟਾਰੀਓ, 2 ਅਗਸਤ (ਪੋਸਟ ਬਿਊਰੋ) : ਇਸ ਹਫਤੇ ਦੇ ਸ਼ੁਰੂ ਵਿੱਚ ਸਾਈਕਲ ਉੱਤੇ ਸਵਾਰ ਇੱਕ ਵਿਅਕਤੀ ਵੱਲੋਂ ਮਹਿਲਾ ਉੱਤੇ ਚਲਾਈ ਗਈ ਗੋਲੀ ਦੇ ਮਾਮਲੇ ਵਿੱਚ ਇੱਕ 60 ਸਾਲਾ ਵਿਅਕਤੀ ਨੂੰ ਕਤਲ ਦੀ ਕੋਸ਼ਿਸ਼ ਸਮੇਤ ਕਈ ਹੋਰ ਚਾਰਜਿਜ਼ ਤਹਿਤ ਗ੍ਰਿਫਤਾਰ ਕੀਤਾ ਗਿਆ ਹੈ।

ਪੁਲਿਸ ਨੇ ਦੱਸਿਆ ਕਿ ਸੋਮਵਾਰ ਨੂੰ ਉਨ੍ਹਾਂ ਨੂੰ ਸਵੇਰੇ 8:30 ਵਜੇ ਤੋਂ ਪਹਿਲਾਂ ਬ੍ਰੌਡਵਿਊ ਤੇ ਡੈਨਫੋਰਥ ਐਵਨਿਊਜ਼ ਨੇੜੇ ਈਸਟਮਾਊਂਟ ਐਵਨਿਊ ਉੱਤੇ ਸਥਿਤ ਰਿਹਾਇਸ਼ੀ ਇਮਾਰਤ ਵਿੱਚ ਸੱਦਿਆ ਗਿਆ। ਇੱਥੇ ਉਨ੍ਹਾਂ ਨੂੰ ਇੱਕ 50 ਸਾਲਾ ਮਹਿਲਾ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੀ। ਉਸ ਦੀ ਹਾਲਤ ਗੰਭੀਰ ਪਰ ਖਤਰੇ ਤੋਂ ਬਾਹਰ ਦੱਸੀ ਗਈ। ਸਥਾਨਕ ਰੈਜ਼ੀਡੈਂਟਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਹ ਮਹਿਲਾ ਪ੍ਰਾਪਰਟੀ ਮੈਨੇਜਮੈਂਟ ਕੰਪਨੀ ਕਾਪਰੇਟ ਲਈ ਕੰਮ ਕਰਦੀ ਸੀ। ਉਸ ਦੇ ਆਫਿਸ ਦੀ ਖਿੜਕੀ ਵਿੱਚ ਵੀ ਗੋਲੀ ਲੱਗਣ ਕਾਰਨ ਮੋਰੀ ਹੋ ਗਈ ਸੀ।

ਪੁਲਿਸ ਵੱਲੋਂ ਇਸ ਸਬੰਧ ਵਿੱਚ 60 ਸਾਲਾ ਬ੍ਰਾਇਨ ਓਡੈਨੇਲ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਤੇ ਉਸ ਉੱਤੇ ਕਤਲ ਦੀ ਕੋਸ਼ਿਸ਼ ਕਰਨ ਸਮੇਤ ਕਈ ਚਾਰਜਿਜ਼ ਲਾਏ ਗਏ ਹਨ। ਅਜੇ ਤੱਕ ਗੋਲੀ ਚਲਾਏ ਜਾਣ ਦੇ ਕਾਰਨਾਂ ਦਾ ਖੁਲਾਸਾ ਨਹੀਂ ਹੋ ਸਕਿਆ।

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

INSURANCE
Home
Business
Life Insurance
Auto
Trucking
Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

OURR HOME & APPLIANCES
JUST $3,199.00 at Ourr Home Appliances.
Limited stock available, so hurry and grab this amazing deal today!
Don't Miss our! TENT SALE!
Upgrade your kitchen with the sleek BLACK STAINLESS-STEEL PACKAGE for
UPGRADE TO 36" COOKTOP IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG Danby
416-551-5553 | www.ourrhomeappliances.com

Allstate. You're in good hands.
Insurance

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

SUPER VISA INSURANCE EXPERTS
Punjab Insurance Inc
RANJIT GILL Insurance Advisor
Ph: 416.724.5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
7003 Steeles Ave. W, Unit 10, Etobicoke, ON, M9W 0A2

Law Office of Aman Sharma
Real Estate
Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axael InsuranceBrokers Ltd.
1332 Khalsa Dr, Unit # 11, Mississauga, ON L5S 0A2

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
416 938 4598

Canada Consumer Credit Assistance
ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
Supervisa / Visitor Insurance
Life / Mortgage/Funeral Insurance
Disability Insurance
Critical Illness Insurance
RESP /RRSP
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga ON L5T 0B3
Shinder Kelley
905-362-0755

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Cell: 416-841-4218 Tel: 905-216-5563
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਮਿਮਿਕੋ ਬਾਰ ਵਿੱਚ ਲੱਗੀ ਅੱਗ, ਪੁਲਿਸ ਕਰ ਰਹੀ ਹੈ ਜਾਂਚ

ਓਨਟਾਰੀਓ, 2 ਅਗਸਤ (ਪੋਸਟ ਬਿਊਰੋ) : ਬੁੱਧਵਾਰ ਦੁਪਹਿਰ ਨੂੰ ਮਿਮਿਕੋ ਵਿੱਚ ਇੱਕ ਲੋਕਲ ਬਾਰ ਵਿੱਚ ਅੱਗ ਲੱਗ ਜਾਣ ਕਾਰਨ ਕਾਫੀ ਨੁਕਸਾਨ ਹੋਇਆ। ਜਾਂਚਕਾਰਾਂ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਸ਼ਾਮੀਂ 5:00 ਵਜੇ ਤੋਂ ਪਹਿਲਾਂ ਫਾਇਰ ਅਮਲੇ ਨੂੰ ਰੌਇਲ ਯੌਰਕ ਰੋਡ ਤੇ ਨਿਊਕਾਸਲ ਸਟਰੀਟ ਉੱਤੇ ਸਥਿਤ ਕੌਲਿਨਜ਼ ਡੱਗਆਊਟ ਉੱਤੇ ਸੱਦਿਆ ਗਿਆ। ਫਾਇਰ ਅਮਲੇ ਨੇ ਦੱਸਿਆ ਕਿ ਜਿੰਨੀ ਦੇਰ ਨੂੰ ਉਹ ਪਹੁੰਚੇ ਓਨੀ ਦੇਰ ਵਿੱਚ ਇਸ ਰੈਸਟੋਰੈਂਟ/ਬਾਰ ਦਾ ਗ੍ਰਾਊਂਡ ਫਲੋਰ ਪੂਰੀ ਤਰ੍ਹਾਂ ਅੱਗ ਦੀਆਂ ਲਪਟਾਂ ਵਿੱਚ ਘਿਰਿਆ ਹੋਇਆ ਸੀ।



40 ਮਿੰਟਾਂ ਦੇ ਅੰਦਰ ਅੰਦਰ ਫਾਇਰਫਾਈਟਰਜ਼ ਅੱਗ ਉੱਤੇ ਕਾਬੂ ਪਾਉਣ ਵਿੱਚ ਕਾਮਯਾਬ ਰਹੇ। ਇਸ ਬਾਰ ਦਾ ਗ੍ਰਾਊਂਡ ਫਲੋਰ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਿਆ ਜਦਕਿ ਬਾਕੀ ਦੋ ਮੰਜ਼ਿਲਾ ਇਮਾਰਤ ਨੂੰ ਧੂੰਏ ਨਾਲ ਕਾਫੀ ਨੁਕਸਾਨ ਪਹੁੰਚਿਆ। ਕਿਸੇ ਵੀ ਵਿਅਕਤੀ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ। ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ ਪਰ ਅਜੇ ਉਸ ਖਿਆਫ ਲਾਏ ਗਏ ਚਾਰਜਿਜ਼ ਦਾ ਖੁਲਾਸਾ ਨਹੀਂ ਕੀਤਾ ਗਿਆ।

ਇਹ ਵੀ ਅਪੁਸ਼ਟ ਖਬਰਾਂ ਮਿਲੀਆਂ ਹਨ ਕਿ ਬਿਲਡਿੰਗ ਦੀ ਖਿੜਕੀ ਵਿੱਚੋਂ ਦੇਸੀ ਬੰਬ (ਬੋਤਲ ਵਿੱਚ ਤੇਲ ਭਰ ਕੇ ਬਣਾਇਆ ਬੰਬ) ਅੰਦਰ ਸੁੱਟਿਆ ਗਿਆ ਜਿਸ ਕਾਰਨ ਅੱਗ ਭੜਕੀ। ਪਲਾਟੂਨ ਚੀਫ ਡਗਲਸ ਕੰਮਿੰਗ ਨੇ ਆਖਿਆ ਕਿ ਮੁਜਰਮਾਨਾਂ ਗਤੀਵਿਧੀ ਦੀ ਪੂਰੀ ਸੰਭਾਵਨਾ ਹੈ। ਪੁਲਿਸ ਤੇ ਫਾਇਰ ਇਨਵੈਸਟੀਗੇਟਰਜ਼ ਵੱਲੋਂ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਅੱਜ ਨਾਮਾ >>

ਮਨੀਪੁਰ ਵਾਲੜਾ ਪਹਿਲਾਂ ਸੀ ਕੇਸ ਲੱਗਾ,
ਕਰ ਰਹੇ ਜੱਜ ਸੀ ਉਹੀ ਸੁਣਵਾਈ ਬੇਲੀ।
ਮਾਮਲਾ ਗਿਆ ਹਰਿਆਣੇ ਦਾ ਪੁੱਜ ਓਧਰ,
ਜਿਸ ਥਾਂ ਦੰਗਿਆਂ ਦੀ ਨੌਬਤ ਆਈ ਬੇਲੀ।
ਮਸਲਾ ਲਟਕਦਾ ਦਿੱਲੀ ਸਰਕਾਰ ਦਾ ਵੀ,
ਸਿਰੇ ਨੂੰ ਗੱਲ ਨਹੀਂ ਗਈ ਪੁਚਾਈ ਬੇਲੀ।
ਕਸ਼ਮੀਰ ਮੁੱਦਾ ਵੀ ਮਗਰ ਹੀ ਆਣ ਲੱਗਾ,
ਤਿੰਨ ਸੌ ਸੱਤਰ ਸੀ ਜਿਹੜੀ ਹਟਾਈ ਬੇਲੀ।
ਮੁੱਦਾ ਅਮਨ-ਕਾਨੂੰਨ ਦਾ ਬਹੁਤ ਭਖਿਆ,
ਰਾਜਸੀ ਮਾਮਲਾ ਬੜਾ ਕੋਈ ਗਰਮ ਬੇਲੀ।
ਅਦਾਲਤਇਹੋ ਨਿਬੇੜਨ ਜਦ ਰਹੇ ਲੱਗੀ,
ਰਹਿੰਦਾ ਕੀ ਹੈ ਸਰਕਾਰ ਦਾਧਰਮ ਬੇਲੀ।

**ਤੀਸ ਮਾਰ ਖਾਂ**

# ਵਿਆਹ ਦੇ 18 ਸਾਲ ਬਾਅਦ ਵੱਖ ਹੋ ਰਹੇ ਹਨ ਟਰੂਡੋ ਤੇ ਸੋਫੀ

ਸਫਾ 1 ਦਾ ਬਾਕੀ

ਸੱਭ ਦਾ ਹੋਵੇਗਾ। ਇਸੇ ਪੋਸਟ ਨੂੰ ਗ੍ਰੈਗੋਇਰ ਟਰੂਡੋ ਦੇ ਅਕਾਊਂਟ ਤੋਂ ਵੀ ਸਾਂਝਾ ਕੀਤਾ ਗਿਆ।

ਬੱਚਿਆਂ ਦੀ ਭਲਾਈ ਲਈ ਟਰੂਡੋ ਨੇ ਕੈਨੇਡੀਅਨਜ਼ ਨੂੰ ਪਰਿਵਾਰ ਦੀ ਪ੍ਰਾਈਵੇਸੀ ਦੀ ਕਦਰ ਕਰਨ ਲਈ ਆਖਿਆ। ਇੱਥੇ ਦੱਸਣਾਂ ਬਣਦਾ ਹੈ ਕਿ ਟਰੂਡੋ ਤੇ ਸੋਫੀ ਦਾ ਵਿਆਹ 28 ਮਈ, 2005 ਨੂੰ ਹੋਇਆ ਸੀ ਤੇ ਉਨ੍ਹਾਂ ਦੇ ਤਿੰਨ ਬੱਚੇ ਹਨ, 15 ਸਾਲਾ ਜ਼ੇਵੀਅਰ, 14 ਸਾਲਾ ਐਲਾ-ਗ੍ਰੇਸ ਤੇ ਨੌਂ ਸਾਲਾ ਹੈਡਰੀਅਨ। ਇੱਕ ਵੱਖਰੀ ਰਲੀਜ਼ ਵਿੱਚ ਪ੍ਰਧਾਨ ਮੰਤਰੀ ਆਫਿਸ (ਪੀਐਮਓ) ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਇਸ ਜੋੜੇ ਨੇ ਕਾਨੂੰਨੀ ਤੌਰ ਉੱਤੇ ਵੱਖ ਹੋਣ ਵਾਲੇ ਅਗਰੀਮੈਂਟ ਉੱਤੇ ਦਸਤਖ਼ਤ ਕੀਤੇ ਹਨ।

ਇਹ ਵੀ ਪਤਾ ਲੱਗਿਆ ਹੈ ਕਿ ਟਰੂਡੋ ਤੇ ਸੋਫੀ ਨੇ ਬੱਚਿਆਂ ਨੂੰ ਰਲ ਕੇ ਪਾਲਣ ਦਾ ਫੈਸਲਾ ਕੀਤਾ ਹੈ ਤੇ ਅਕਸਰ ਇਹ ਪਰਿਵਾਰ ਇੱਕਠਾ ਨਜ਼ਰ ਆਇਆ ਕਰੇਗਾ। ਅਗਲੇ ਹਫਤੇ ਤੋਂ ਹੀ ਸਾਰੇ ਛੁੱਟੀਆਂ ਮਨਾਉਣ ਲਈ ਇੱਕਠੇ ਜਾ ਰਹੇ ਹਨ ਪਰ ਅਜੇ ਲੋਕੇਸ਼ਨ ਸਾਂਝੀ ਨਹੀਂ ਕੀਤੀ ਗਈ। ਪਿੱਛੇ ਜਿਹੇ ਇਹ ਪਰਿਵਾਰ ਮੌਂਟੈਨਾ ਤੇ ਜਮਾਇਕਾ ਵਿੱਚ ਛੁੱਟੀਆਂ ਮਨਾ ਕੇ ਆਇਆ ਸੀ। ਟਰੂਡੋ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਇਹ ਪਰਿਵਾਰ ਓਟਵਾ ਵਿੱਚ ਰੀਡੋ ਹਾਲ ਵਿੱਚ ਰੀਡੋ ਕਾਟੇਜ ਵਿੱਚ ਰਹਿੰਦਾ ਰਿਹਾ ਹੈ। ਟਰੂਡੋ ਕੋਲ ਗੈਟੀਨਿਊ, ਕਿਊਬਿਕ ਵਿੱਚ ਹੈਰਿੰਗਟਨ ਲੇਕ ਉੱਤੇ ਵੀ ਕਾਟੇਜ ਹੈ। ਜਾਣਕਾਰ ਸੂਤਰ ਵੱਲੋਂ ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ ਉੱਤੇ ਦੱਸਿਆ ਗਿਆ ਹੈ ਕਿ ਸੋਫੀ ਅਜੇ ਵੀ ਬਹੁਤਾ ਸਮਾਂ ਰਿਡੋ ਕਾਟੇਜ ਵਿੱਚ ਹੀ ਬਿਤਾਏਗੀ ਪਰ ਉਸ ਨੇ ਆਪਣੇ ਖਰਚੇ ਉੱਤੇ ਨੇੜੇ ਹੀ ਪ੍ਰਾਈਵੇਟ ਰੈਜ਼ੀਡੈਂਸ ਵਿੱਚ ਸ਼ਿਫਟ ਹੋਣ ਦਾ ਪ੍ਰਬੰਧ ਵੀ ਕਰ ਲਿਆ ਹੈ। ਸੂਤਰ ਨੇ ਇਹ ਵੀ ਆਖਿਆ ਕਿ ਇਹ ਦੋਵੇਂ ਵੱਖ ਹੋ ਰਹੇ ਹਨ ਤਲਾਕ ਨਹੀਂ ਲੈ ਰਹੇ। ਇਸ ਲਈ ਦੋਵਾਂ ਵੱਲੋਂ ਬੱਚਿਆਂ ਨੂੰ ਰਲ ਕੇ ਪਾਲਣ ਦਾ ਫੈਸਲਾ ਕੀਤਾ ਗਿਆ ਹੈ।

ਪਰ ਹੁਣ ਵੱਡੀ ਤਬਦੀਲੀ ਇਹ ਹੋਵੇਗੀ ਕਿ ਸੋਫੀ ਨੂੰ ਪ੍ਰਧਾਨ ਮੰਤਰੀ ਦੀ ਪਤਨੀ ਵਜੋਂ ਕੈਨੇਡਾ ਸਰਕਾਰ ਦੀ ਨੁਮਾਇੰਦਗੀ ਕਰਨ ਦਾ ਮੌਕਾ ਨਹੀਂ ਮਿਲੇਗਾ। ਉਸ ਨੂੰ ਪ੍ਰਧਾਨ ਮੰਤਰੀ ਦੀ ਪਤਨੀ ਵਜੋਂ ਮਾਨਤਾ ਨਹੀਂ ਦਿੱਤੀ ਜਾਵੇਗੀ। ਨਾ ਹੀ ਉਹ ਪ੍ਰਧਾਨ ਮੰਤਰੀ ਦੀ ਪਤਨੀ ਦੀ ਹੈਸੀਅਤ ਨਾਲ ਕੋਈ ਈਵੈਂਟ ਹੀ ਅਟੈਂਡ ਕਰ ਸਕਦੀ ਹੈ।

# ਹੈਮਿਲਟਨ ਵਿੱਚ ਚੱਲੀ ਗੋਲੀ, ਦੋ ਟੀਨੇਜਰਜ਼ ਜ਼ਖ਼ਮੀ

ਹੈਮਿਲਟਨ, 2 ਅਗਸਤ (ਪੋਸਟ ਬਿਊਰੋ) : ਹੈਮਿਲਟਨ ਵਿੱਚ ਰਾਤ ਸਮੇਂ ਚੱਲੀ ਗੋਲੀ ਵਿੱਚ ਦੋ ਟੀਨੇਜਰਜ਼ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਹੈਮਿਲਟਨ ਪੁਲਿਸ ਵੱਲੋਂ ਮਸ਼ਕੂਕਾਂ ਦੀ ਭਾਲ ਕੀਤੀ ਜਾ ਰਹੀ ਹੈ।



ਗੋਲੀਆਂ ਚੱਲਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਬੁੱਧਵਾਰ ਰਾਤੀਂ 2:00 ਵਜੇ ਦੇ ਨੇੜੇ ਤੇੜੇ ਪੁਲਿਸ ਅਧਿਕਾਰੀ ਲਾਈਮਰਿੱਜ ਰੋਡ ਵੈਸਟ ਤੇ ਵੈਸਟ 5ਥ ਸਟਰੀਟ ਇਲਾਕੇ ਵਿੱਚ ਪਹੁੰਚੇ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਇੱਥੇ ਇੱਕ 15 ਸਾਲਾ ਲੜਕਾ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਪੁਲਿਸ ਦੇ ਪਹੁੰਚਣ ਤੋਂ ਪਹਿਲਾਂ ਹੀ ਇੱਕ ਹੋਰ 16 ਸਾਲਾ ਲੜਕਾ, ਜਿਹੜਾ ਗੋਲੀ ਲੱਗਣ ਕਾਰਨ ਜ਼ਖ਼ਮੀ ਸੀ ਮੌਕਾ-ਏ-ਵਾਰਦਾਤ ਤੋਂ ਭੱਜ ਗਿਆ ਤੇ ਬਾਅਦ ਵਿੱਚ ਉਸ ਵੱਲੋਂ ਮੈਡੀਕਲ ਮਦਦ ਸੱਦੀ ਗਈ। ਪੁਲਿਸ ਨੇ ਆਖਿਆ ਕਿ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਤੇ ਇਲਾਜ ਤੋਂ ਬਾਅਦ ਉਸ ਨੂੰ ਛੁੱਟੀ ਵੀ ਦੇ ਦਿੱਤੀ ਗਈ।

ਜਾਂਚਕਾਰਾਂ ਦਾ ਮੰਨਣਾ ਹੈ ਕਿ ਇਹ ਘਟਨਾ ਸੋਚ ਸਮਝ ਕੇ ਟੀਨੇਜਰਜ਼ ਨੂੰ ਨਿਸ਼ਾਨਾ ਬਣਾਏ ਜਾਣ ਦੀ ਹੈ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ।

# ਸੂਰਤ ਦੇ ਗੋਦਾਮ ਵਿਚ ਜ਼ਹਿਰੀਲੇ ਧੂੰਏਂ ਕਾਰਨ ਚਾਰ ਮਜ਼ਦੂਰਾਂ ਦੀ ਮੌਤ


ਸੂਰਤ, 2 ਅਗਸਤ (ਪੋਸਟ ਬਿਊਰੋ): ਗੁਜਰਾਤ ਦੇ ਸੂਰਤ ਜ਼ਿਲੇ 'ਚ ਬੁੱਧਵਾਰ ਸ਼ਾਮ ਨੂੰ ਇਕ ਕੈਮੀਕਲ ਗੋਦਾਮ 'ਚ ਜ਼ਹਿਰੀਲੇ ਧੂੰਏ ਕਾਰਨ ਚਾਰ ਮਜ਼ਦੂਰਾਂ ਦੀ ਮੌਤ ਹੋ ਗਈ। ਪੁਲਿਸ ਨੇ ਇਹ ਜਾਣਕਾਰੀ ਦਿੱਤੀ। ਕੋਸੰਬਾ ਥਾਣੇ ਦੇ ਇੰਸਪੈਕਟਰ ਜੇਏ ਬਾਰੋਟ ਨੇ ਦੱਸਿਆ ਕਿ ਇਹ ਘਟਨਾ ਮੰਗਰੋਲ ਤਹਿਸੀਲ ਦੇ ਪਿੰਡ ਮੋਟਾ ਬੋਰਸਰਾ ਵਿੱਚ ਉਸ ਸਮੇਂ ਵਾਪਰੀ ਜਦੋਂ ਪੰਜ ਮਜ਼ਦੂਰ ਕੈਮੀਕਲ ਦੇ ਡਰੰਮਾਂ ਨੂੰ ਇੱਕ ਥਾਂ ਤੋਂ ਦੂਜੀ ਥਾਂ ਲਿਜਾ ਰਹੇ ਸਨ।

ਅਧਿਕਾਰੀ ਨੇ ਦੱਸਿਆ ਕਿ ਗੋਦਾਮ ਦੇ ਮਾਲਕ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ ਅਤੇ ਉਸ ਦੇ ਖਿਲਾਫ ਭਾਰਤੀ ਦੰਡਾਵਲੀ ਦੀ ਧਾਰਾ 304 ਦੇ ਤਹਿਤ ਮਾਮਲਾ ਦਰਜ ਕੀਤਾ ਜਾ ਰਿਹਾ ਹੈ। ਮ੍ਰਿਤਕਾਂ ਦੀ ਪਛਾਣ ਇਮਤਿਆਜ਼ ਪਟੇਲ (45), ਅਮੀਨ ਪਟੇਲ (22), ਵਰੁਣ ਵਸਾਵਾ (22) ਅਤੇ ਰਾਘਾ ਰਾਮ (54) ਵਜੋਂ ਹੋਈ ਹੈ।



















# ਬ੍ਰਿਕਸ ਸੰਮੇਲਨ ਲਈ ਦੱਖਣੀ ਅਫਰੀਕਾ ਨਹੀਂ ਜਾਣਗੇ ਨਰਿੰਦਰ ਮੋਦੀ, ਵਰਚੁਅਲ ਤੌਰ ’ਤੇ ਹੋ ਸਕਦੇ ਹਨ ਸ਼ਾਮਿਲ

ਜੋਹਾਨਸਬਰਗ, 2 ਅਗਸਤ (ਪੋਸਟ ਬਿਊਰੋ): ਬ੍ਰਿਕਸ ਸੰਮੇਲਨ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸ਼ਮੂਲੀਅਤ ਨੂੰ ਲੈ ਕੇ ਸਸਪੈਂਸ ਬਣਿਆ ਹੋਇਆ ਹੈ। ਇਹ ਸੰਮੇਲਨ 22 ਤੋਂ 24 ਤੱਕ ਦੱਖਣੀ ਅਫਰੀਕਾ ਦੇ ਸ਼ਹਿਰ ਜੋਹਾਨਸਬਰਗ ਵਿੱਚ ਹੋਣ ਜਾ ਰਿਹਾ ਹੈ। ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਪਹਿਲਾਂ ਹੀ ਸੰਮੇਲਨ ਵਿਚ ਹਿੱਸਾ ਲੈਣ ਤੋਂ ਇਨਕਾਰ ਕਰ ਚੁੱਕੇ ਹਨ। ਨਿਊਜ਼ ਏਜੰਸੀ ‘ਰਾਇਟਰਜ਼’ ਮੁਤਾਬਕ ਪ੍ਰਧਾਨ ਮੰਤਰੀ ਮੋਦੀ ਇਸ ਮੀਟਿੰਗ ‘ਚ ਵਰਚੁਅਲ ਤੌਰ ’ਤੇ ਸ਼ਾਮਿਲ ਹੋ ਸਕਦੇ ਹਨ। ਭਾਰਤ ਤੋਂ ਇਲਾਵਾ ਬ੍ਰਾਜ਼ੀਲ, ਰੂਸ,



ਚੀਨ ਅਤੇ ਦੱਖਣੀ ਅਫਰੀਕਾ ਬ੍ਰਿਕਸ ਦੇ ਮੈਂਬਰ ਦੇਸ਼ ਹਨ। ਬ੍ਰਿਕਸ ਸ਼ਬਦ ਮੈਂਬਰ ਦੇਸ਼ਾਂ ਦੇ ਨਾਂ ਦੇ ਪਹਿਲੇ ਅੱਖਰ ਤੋਂ ਬਣਿਆ ਹੈ।

ਨਿਊਜ਼ ਏਜੰਸੀ ਨੇ ਜਦੋਂ ਪ੍ਰਧਾਨ ਮੰਤਰੀ ਮੋਦੀ ਦੇ ਦੱਖਣੀ ਅਫ਼ਰੀਕਾ ਜਾਣ ਅਤੇ ਬ੍ਰਿਕਸ ਸੰਮੇਲਨ ਵਿਚ ਹਿੱਸਾ ਲੈਣ ਬਾਰੇ ਸਵਾਲ ਕੀਤਾ ਤਾਂ ਉਥੋਂ ਕੋਈ ਜਵਾਬ ਨਹੀਂ ਆਇਆ। ਰਿਪੋਰਟ ਮੁਤਾਬਕ ਚੀਨ ਅਤੇ ਰੂਸ ਬ੍ਰਿਕਸ ‘ਚ ਕੁਝ ਹੋਰ ਦੇਸ਼ਾਂ ਨੂੰ ਸ਼ਾਮਲ ਕਰਨਾ ਚਾਹੁੰਦੇ ਹਨ, ਜਦਕਿ ਭਾਰਤ ਨੇ ਇਸ ਮਾਮਲੇ ‘ਤੇ ਕੁਝ ਸ਼ਰਤਾਂ ਰੱਖੀਆਂ ਹਨ।

ਪਾਕਿਸਤਾਨ ਦੇ ਨਾਲ-ਨਾਲ ਸਾਊਦੀ ਅਰਬ, ਈਰਾਨ ਸਮੇਤ 19 ਦੇਸ਼ਾਂ ਨੇ ਬ੍ਰਿਕਸ ਦੇ ਮੈਂਬਰ ਬਣਨ ਦੀ ਪੇਸ਼ਕਸ਼ ਕੀਤੀ ਹੈ। ਬ੍ਰਿਕਸ ਦੇਸ਼ਾਂ ਨੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਹੋਰ ਮੈਂਬਰ ਜੋੜਨ ਦੀ ਗੱਲ ਵੀ ਕੀਤੀ ਹੈ।

# ਪੋਲੈਂਡ ਨੇ ਬੇਲਾਰੂਸ ਬਾਰਡਰ ’ਤੇ ਭੇਜੀ ਫੌਜ, ਤਣਾਅ ਵਧਿਆ

ਵਾਰਸਾ, 2 ਅਗਸਤ (ਪੋਸਟ ਬਿਊਰੋ): ਰੂਸ ਅਤੇ ਯੂਕਰੇਨ ਵਿਚਾਲੇ ਜੰਗ ਦਾ ਘੇਰਾ ਵਧਦਾ ਜਾ ਰਿਹਾ ਹੈ। ਹੁਣ ਆਲੇ-ਦੁਆਲੇ ਦੇ ਦੇਸ਼ ਵੀ ਜੰਗ ਦੀ ਗਰਮੀ ਵਿੱਚ ਝੁਲਸਣ ਜਾ ਰਹੇ ਹਨ। ਨਾਟੋ ਸੰਗਠਨ ਦੇ ਦੇਸ਼ ਪੋਲੈਂਡ ਦੀ ਫੌਜ ਨੇ ਬੇਲਾਰੂਸ ਨਾਲ ਲੱਗਦੇ ਆਪਣੇ ਦੇਸ਼ ਦੀ ਪੂਰਬੀ ਸਰਹੱਦ 'ਤੇ ਫੌਜ ਭੇਜ ਦਿੱਤੀ ਹੈ। ਬੇਲਾਰੂਸ ਰੂਸ ਦਾ ਨਜ਼ਦੀਕੀ ਸਹਿਯੋਗੀ ਹੈ। ਪੋਲੈਂਡ ਦਾ ਕਹਿਣਾ ਹੈ ਕਿ ਬੇਲਾਰੂਸ ਦੇ ਦੋ ਹੈਲੀਕਾਪਟਰਾਂ ਨੇ ਉਸ ਦੇ ਹਵਾਈ ਖੇਤਰ ਦੀ ਉਲੰਘਣਾ ਕੀਤੀ। ਇਸ ਘਟਨਾ ਤੋਂ ਬਾਅਦ ਤਣਾਅ ਵਧ ਗਿਆ ਹੈ।

ਬੇਲਾਰੂਸ ਰੂਸ ਦਾ ਬਹੁਤ ਕਰੀਬੀ ਸਾਥੀ ਰਿਹਾ ਹੈ। ਰੂਸ ਨੇ ਹਾਲ ਹੀ ਵਿੱਚ ਬੇਲਾਰੂਸ ਨੂੰ ਪਰਮਾਣੂ ਬੰਬ ਦਿੱਤਾ ਹੈ ਅਤੇ ਤਾਨਾਸ਼ਾਹ ਲੂਕਾਸ਼ੈਂਕੋ ਨੇ ਵੈਗਨਰ ਬਾਗੀਆਂ ਦਾ ਨਾਮ ਲੈ ਕੇ ਕਈ ਵਾਰ ਚੇਤਾਵਨੀ ਦਿੱਤੀ ਹੈ। ਇਸ ਦੌਰਾਨ ਬੇਲਾਰੂਸ ਦੀ ਫੌਜ ਨੇ ਅਜਿਹੇ ਹਵਾਈ ਘੁਸਪੈਠ ਦੀ ਘਟਨਾ ਤੋਂ ਇਨਕਾਰ ਕੀਤਾ ਹੈ ਅਤੇ ਦੋਸ਼ ਲਾਇਆ ਹੈ ਕਿ ਪੋਲੈਂਡ ਆਪਣੀ ਫੌਜ ਤਾਇਨਾਤ ਕਰਨ ਦੇ ਕਾਰਨਾਂ ਨੂੰ ਜਾਇਜ਼ ਠਹਿਰਾਉਣ ਲਈ ਅਜਿਹੇ ਦੋਸ਼ ਲਗਾ ਰਿਹਾ ਹੈ।

ਇਸ ਤੋਂ ਪਹਿਲਾਂ ਬੇਲਾਰੂਸ ਦੇ ਤਾਨਾ-ਸ਼ਾਹ ਨੇ ਪੋਲੈਂਡ 'ਤੇ ਤਾਅਨੇ ਮਾਰਦੇ ਹੋਏ ਕਿਹਾ ਸੀ ਕਿ ਰੂਸ ਦੇ ਵੈਗਨਰ ਲੜਾਕੇ ਪੋਲੈਂਡ ਦੀ ਸਰਹੱਦ ਨੇੜੇ ਮੌਜੂਦ ਹਨ। ਇਸ ਤੋਂ ਬਾਅਦ, ਪੋਲੈਂਡ ਦੇ ਰੱਖਿਆ ਮੰਤਰਾਲੇ ਨੇ ਕਿਹਾ ਕਿ ਉਹ ਹਮਲਾਵਰ ਹੈਲੀਕਾਪਟਰਾਂ ਸਮੇਤ ਵਾਧੂ ਸੈਨਿਕ ਅਤੇ ਸਰੋਤ ਭੇਜ ਰਿਹਾ ਹੈ।



ਪੋਲੈਂਡ ਨੇ ਇਹ ਵੀ ਕਿਹਾ ਕਿ ਉਸ ਨੇ ਇਸ ਸਰਹੱਦੀ ਉਲੰਘਣਾ ਬਾਰੇ ਨਾਟੋ ਨੂੰ ਵੀ ਸੂਚਿਤ ਕਰ ਦਿੱਤਾ ਹੈ। ਇਸ ਦੇ ਨਾਲ ਹੀ ਬੇਲਾਰੂਸ ਦੇ ਰਾਜਦੂਤ ਨੂੰ ਤਲਬ ਕਰਕੇ ਸਪੱਸ਼ਟੀਕਰਨ ਮੰਗਿਆ ਗਿਆ ਹੈ। ਪੋਲਿਸ਼ ਫੌਜ ਨੇ ਸ਼ੁਰੂ ਵਿੱਚ ਕਿਸੇ ਵੀ ਸਰਹੱਦੀ ਉਲੰਘਣਾ ਤੋਂ ਇਨਕਾਰ ਕੀਤਾ, ਪਰ ਬਾਅਦ ਵਿੱਚ, ਵਿਚਾਰ-ਵਟਾਂਦਰੇ ਤੋਂ ਬਾਅਦ, ਮੰਨਿਆ ਕਿ ਘੁਸਪੈਠ ਬਹੁਤ ਘੱਟ ਉਚਾਈ ਤੋਂ ਹੋਈ ਸੀ, ਜਿਸ ਕਾਰਨ ਰਾਡਾਰ ਦੁਆਰਾ ਇਸਦਾ ਪਤਾ ਨਹੀਂ ਲਗਾਇਆ ਜਾ ਸਕਿਆ। ਇਸ ਮਾਮਲੇ 'ਤੇ, ਬੇਲਾਰੂਸ ਦੇ ਰੱਖਿਆ ਮੰਤਰਾਲੇ ਨੇ ਲਿਖਿਆ ਕਿ ਪੋਲੈਂਡ ਨੇ ਇਸ ਘਟਨਾ ਬਾਰੇ ਆਪਣੀ ਰਾਇ ਬਦਲੀ, ਸੰਭਵ ਤੌਰ 'ਤੇ ਆਪਣੇ ਵਿਦੇਸ਼ੀ ਮਾਲਕਾਂ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ।

# ਆਨਲਾਈਨ ਗੇਮਿੰਗ ਖੇਡਣ ’ਤੇ ਲੱਗੀ ਸਾਰੀ ਰਕਮ ’ਤੇ ਲੱਗੇਗਾ 28 ਫੀਸਦੀ ਟੈਕਸ

ਨਵੀਂ ਦਿੱਲੀ, 2 ਅਗਸਤ (ਪੋਸਟ ਬਿਊਰੋ): ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਬੁੱਧਵਾਰ ਨੂੰ ਕਿਹਾ ਕਿ ਆਨਲਾਈਨ ਗੇਮਿੰਗ ਵਿਚ ਦਾਅ 'ਤੇ ਲੱਗੀ ਸਾਰੀ ਰਕਮ 'ਤੇ 28 ਫੀਸਦੀ ਟੈਕਸ ਲਗਾਉਣ ਦਾ ਫੈਸਲਾ 1 ਅਕਤੂਬਰ ਤੋਂ ਲਾਗੂ ਹੋਵੇਗਾ। ਸੀਤਾਰਮਨ ਨੇ ਜੀਐੱਸਟੀ ਕੌਂਸਲ ਦੀ ਮੀਟਿੰਗ ਤੋਂ ਬਾਅਦ ਆਯੋਜਿਤ ਪ੍ਰੈੱਸ ਕਾਨਫਰੰਸ ਵਿੱਚ ਦੱਸਿਆ ਕਿ ਦਿੱਲੀ, ਗੋਆ ਅਤੇ ਸਿੱਕਮ ਨੇ ਆਨਲਾਈਨ ਗੇਮਿੰਗ ਅਤੇ ਕੈਸੀਨੋ 'ਤੇ 28 ਫੀਸਦੀ ਟੈਕਸ ਲਗਾਉਣ ਦੇ ਫੈਸਲੇ ਦੀ ਸਮੀਖਿਆ ਦੀ ਮੰਗ ਕੀਤੀ ਹੈ। ਹਾਲਾਂਕਿ ਦੂਜੇ ਰਾਜਾਂ ਨੇ ਇਸ ਨੂੰ ਲਾਗੂ ਕਰਨ ਦੀ ਗੱਲ ਕੀਤੀ ਸੀ, ਜਿਸ ਤੋਂ ਬਾਅਦ ਇਹ ਫੈਸਲਾ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ ਹੈ।



ਜੀਐੱਸਟੀ ਕੌਂਸਲ, ਵਸਤੂਆਂ ਅਤੇ ਸੇਵਾਵਾਂ ਟੈਕਸ (ਜੀਐੱਸਟੀ) ਬਾਰੇ ਫੈਸਲਾ ਲੈਣ ਵਾਲੀ ਸਿਖਰ ਸੰਸਥਾ, ਵਿੱਚ ਕੇਂਦਰੀ ਵਿੱਤ ਮੰਤਰੀ ਅਤੇ ਸਾਰੇ ਰਾਜਾਂ ਦੇ ਪ੍ਰਤੀਨਿਧੀ ਸ਼ਾਮਿਲ ਹੁੰਦੇ ਹਨ। ਮੀਟਿੰਗ ਵਿਚ ਆਨਲਾਈਨ ਗੇਮਿੰਗ 'ਤੇ ਟੈਕਸ ਲਗਾਉਣ ਲਈ ਲੋੜੀਂਦੀ ਸੋਧ ਦੇ ਸ਼ਬਦਾਂ 'ਤੇ ਚਰਚਾ ਕੀਤੀ ਗਈ। ਪਿਛਲੇ ਮਹੀਨੇ ਹੋਈ ਕੌਂਸਲ ਦੀ ਮੀਟਿੰਗ ਵਿੱਚ ਆਨਲਾਈਨ ਗੇਮਿੰਗ, ਕੈਸੀਨੋ ਅਤੇ ਘੋੜ-ਦੌੜ ਵਿੱਚ ਲੱਗਣ ਵਾਲੀ ਸਾਰੀ ਰਕਮ ਉੱਤੇ 28 ਫੀਸਦੀ ਦੀ ਦਰ ਨਾਲ ਜੀਐੱਸਟੀ ਲਗਾਉਣ ਦਾ ਫੈਸਲਾ ਕੀਤਾ ਗਿਆ ਸੀ। ਬੁੱਧਵਾਰ ਨੂੰ ਹੋਈ ਮੀਟਿੰਗ ਇਸ ਫੈਸਲੇ ਨੂੰ ਲਾਗੂ ਕਰਨ ਦੀ ਰੂਪ ਰੇਖਾ ਨੂੰ ਲੈ ਕੇ ਕੀਤੀ ਗਈ ਸੀ।

# ਟਿਊਨੀਸ਼ੀਆ ਦੇ ਰਾਸ਼ਟਰਪਤੀ ਨੇ ਦੇਸ਼ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਨੂੰ ਅਹੁਦੇ ਤੋਂ ਹਟਾਇਆ

ਟੂਨਿਸ਼, 2 ਅਗਸਤ (ਪੋਸਟ ਬਿਊਰੋ): ਟਿਊਨੀਸ਼ੀਆ ਦੇ ਰਾਸ਼ਟਰਪਤੀ ਨੇ ਜਲਦਬਾਜ਼ੀ ਵਿਚ ਦੇਸ਼ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾ ਦਿੱਤਾ ਹੈ। ਇਸ ਨਾਲ ਪੂਰੇ ਦੇਸ਼ ਵਿੱਚ ਹਲਚਲ ਮਚ ਗਈ ਹੈ। ਰਾਸ਼ਟਰਪਤੀ ਵਲੋਂ ਇਹ ਕਾਰਵਾਈ ਕੀਤੀ ਗਈ ਸੀ, ਪਰ ਅਜੇ ਤੱਕ ਅਜਿਹਾ ਕਰਨ ਦਾ ਕੋਈ ਕਾਰਨ ਨਹੀਂ ਦੱਸਿਆ ਗਿਆ। ਸਾਲ 2021 ਵਿੱਚ ਪਹਿਲੀ ਵਾਰ, ਰੂਜਾ ਬੌਡੈਂਟ ਰਮਜ਼ਾਨੇ ਟਿਊਨੀਸ਼ੀਆ ਵਿੱਚ ਦੇਸ਼ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਬਣੇ। ਇਸ ਤੋਂ ਪਹਿਲਾਂ ਉਹ ਇੱਕ ਇੰਜਨੀਅਰਿੰਗ ਸਕੂਲ ਵਿੱਚ ਅਧਿਆਪਕ ਵਜੋਂ ਕੰਮ ਕਰ ਰਹੇ ਸਨ। ਰਮਜ਼ਾਨ ਨੂੰ ਪ੍ਰਧਾਨ ਮੰਤਰੀ ਦੀ ਕੁਰਸੀ ਤੋਂ ਹਟਾਏ ਜਾਣ ਤੋਂ ਬਾਅਦ ਟਿਊਨੀਸ਼ੀਆ ਵਿੱਚ ਸਿਆਸੀ ਚਰਚਾਵਾਂ ਨੇ ਮਾਹੌਲ ਵਿੱਚ ਗਰਮੀ ਪੈਦਾ ਕਰ ਦਿੱਤੀ ਹੈ।



ਟਿਊਨੀਸ਼ੀਆ ਦੇ ਰਾਸ਼ਟਰਪਤੀ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਕਿਉਂ ਹਟਾਇਆ? ਇਹ ਅਜੇ ਵੀ ਇੱਕ ਰਹੱਸ ਬਣਿਆ ਹੋਇਆ ਹੈ। ਸਾਬਕਾ ਪ੍ਰੋਫੈਸਰ ਰੌਜ਼ਾ ਬੋਦੇਂਟ ਰਮਜ਼ਾਨੇ, ਜੋ ਅਰਬ ਲੀਗ ਦੇ ਮੈਂਬਰ ਦੇਸ਼ਾਂ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਸੀ। ਮੰਗਲਵਾਰ ਨੂੰ ਰਾਸ਼ਟਰਪਤੀ ਦਫ਼ਤਰ ਵੱਲੋਂ ਜਾਰੀ ਇੱਕ ਸੰਖੇਪ ਬਿਆਨ ਵਿੱਚ ਦੱਸਿਆ ਗਿਆ ਕਿ ਪ੍ਰਧਾਨ ਮੰਤਰੀ ਰੌਜ਼ਾ ਬੋਦੇਂਟ ਰਮਜ਼ਾਨੇ ਨੂੰ ਬਰਖਾਸਤ ਕਰ ਦਿੱਤਾ ਗਿਆ ਹੈ। ਹਾਲਾਂਕਿ ਅਜਿਹਾ ਕਰਨ ਦਾ ਕੋਈ ਕਾਰਨ ਨਹੀਂ ਦੱਸਿਆ ਗਿਆ ਹੈ। ਸਤੰਬਰ 2021 ਵਿੱਚ, ਰਾਸ਼ਟਰਪਤੀ ਕੈਸ ਸਈਦ ਨੇ ਇੰਜੀਨੀਅਰਿੰਗ ਸਕੂਲ ਦੀ ਪ੍ਰੋਫੈਸਰ ਰਮਜ਼ਾਨੇ ਨੂੰ ਦੇਸ਼ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਨਿਯੁਕਤ ਕੀਤਾ। ਰਾਸ਼ਟਰਪਤੀ ਦਫ਼ਤਰ ਦੇ ਅਨੁਸਾਰ, ਉਨ੍ਹਾਂ ਦੀ ਥਾਂ ਕੇਂਦਰੀ ਬੈਂਕ ਦੇ ਸੇਵਾਮੁਕਤ ਡਾਇਰੈਕਟਰ ਅਹਿਮਦ ਹਚਾਨੀ ਨੇ ਲਈ ਹੈ, ਜਿਨ੍ਹਾਂ ਨੇ ਮੰਗਲਵਾਰ ਰਾਤ ਨੂੰ ਅਹੁਦੇ ਦੀ ਸਹੁੰ ਚੁੱਕੀ। ਟਿਊਨੀਸ਼ੀਆ ਇਸ ਸਮੇਂ ਆਰਥਿਕ ਸੰਕਟ ਦਾ ਸਾਹਮਣਾ ਕਰ ਰਿਹਾ ਹੈ।

# ਨੂਹ ਹਿੰਸਾ ਵਿਚ 6 ਜਣਿਆਂ ਦੀ ਮੌਤ, 116 ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ

ਨੂੰਹ, 2 ਅਗਸਤ (ਪੋਸਟ ਬਿਊਰੋ): ਹਰਿਆਣਾ ਦੇ ਨੂਹ ਵਿੱਚ ਹੋਈ ਹਿੰਸਾ ਕਾਰਨ ਹੁਣ ਤੱਕ 6 ਜਣਿਆਂ ਦੀ ਮੌਤ ਹੋ ਚੁੱਕੀ ਹੈ, ਜਿਨ੍ਹਾਂ ‘ਚੋਂ 2 ਹੋਮਗਾਰਡ ਅਤੇ 4 ਆਮ ਨਾਗਰਿਕ ਹਨ। ਸੂਬਾ ਪੁਲਿਸ ਦੀਆਂ 30 ਕੰਪਨੀਆਂ ਅਤੇ ਕੇਂਦਰੀ ਸੁਰੱਖਿਆ ਬਲਾਂ ਦੀਆਂ 20 ਕੰਪਨੀਆਂ ਤਾਇਨ-ਾਤ ਹਨ। ਕੇਂਦਰੀ ਸੁਰੱਖਿਆ ਬਲ ਦੀਆਂ 20 ਕੰਪਨੀਆਂ ਵਿੱਚੋਂ, ਪਲਵਲ ਵਿੱਚ 3, ਗੁਰੂਗ੍ਰਾਮ ਵਿੱਚ 2, ਫਰੀਦਾਬਾਦ ਵਿੱਚ 1 ਅਤੇ ਨੂਹ ਵਿੱਚ 14 ਨੂੰ ਤਾਇਨਾਤ ਕੀਤਾ ਗਿਆ ਹੈ। ਹੁਣ ਤੱਕ 116 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਿਅ ਹੈ, ਜਿਨ੍ਹਾਂ ਦਾ ਅੱਜ ਰਿਮਾਂਡ ਲਿਆ ਜਾਵੇਗਾ। ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਜਨਤਾ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਹੈ।



ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਬੁੱਧਵਾਰ ਨੂੰ ਕਿਹਾ ਕਿ ਹਰਿਆਣਾ ਦੇ ਨੂਹ ਜ਼ਿਲ੍ਹੇ ਵਿੱਚ ਹਿੰਸਾ ਵਿੱਚ ਛੇ ਲੋਕਾਂ ਦੀ ਮੌਤ ਦੀ ਪੁਸ਼ਟੀ ਹੋ ਗਈ ਹੈ। ਉਨ੍ਹਾਂ ਕਿਹਾ ਕਿ ਦੋਸ਼ੀ ਪਾਏ ਜਾਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਅਸੀਂ ਜਨਤਾ ਦੀ ਸੁਰੱਖਿਆ ਲਈ ਵਚਨਬੱਧ ਹਾਂ। ਸੂਬੇ ਵਿੱਚ ਕੁੱਲ ਮਿਲਾ ਕੇ ਸਥਿਤੀ ਆਮ ਵਾਂਗ ਹੈ। ਹਰਿਆਣਾ ਦੇ ਮੁੱਖ ਮੰਤਰੀ ਨੇ ਲੋਕਾਂ ਨੂੰ ਸ਼ਾਂਤੀ ਅਤੇ ਆਪਸੀ ਭਾਈਚਾਰਾ ਬਣਾਈ ਰੱਖਣ ਦੀ ਅਪੀਲ ਕੀਤੀ ਹੈ। ਜ਼ਿਕਰਯੋਗ ਹੈ ਕਿ ਨੂਹ ਵਿਚ ਸੋਮਵਾਰ ਅੱਧੀ ਰਾਤ ਤੋਂ 48 ਘੰਟਿਆਂ ਲਈ ਧਾਰਾ 144 ਲਾਗੂ ਕਰ ਦਿੱਤੀ ਗਈ ਹੈ ਅਤੇ ਜ਼ਿਲ੍ਹੇ ਵਿੱਚ ਮੋਬਾਈਲ ਇੰਟਰਨੈਟ ਸੇਵਾਵਾਂ ਨੂੰ ਅਸਥਾਈ ਤੌਰ ‘ਤੇ ਮੁਅੱਤਲ ਕਰ ਦਿੱਤਾ ਗਿਆ ਹੈ। ਹਰਿਆਣਾ ਦੇ ਨੂਹ ਅਤੇ ਮੇਵਾਤ ਵਿੱਚ ਹੋਈ ਹਿੰਸਾ ਖਿਲਾਫ ਬਜਰੰਗ ਦਲ ਦੇ ਵਰਕਰਾਂ ਨੇ ਨੋਇਡਾ ਅਤੇ ਦਿੱਲੀ ਵਿੱਚ ਪ੍ਰਦਰਸ਼ਨ ਕੀਤਾ ਹੈ।

VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd, Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ 06 ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ। ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ। ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।

Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com






98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5




A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8




**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0




Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8




Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਗੱਠਜੋੜ 'ਇੰਡੀਆ' ਦੇ ਵਫ਼ਦ ਨੇ ਕੀਤੀ ਰਾਸ਼ਟਰਪਤੀ ਨਾਲ ਮੁਲਾਕਾਤ, ਮਣੀਪੁਰ ਮੁੱਦੇ 'ਤੇ ਦਖਲ ਦੇਣ ਦੀ ਮੰਗ



ਦਿੱਲੀ, 2 ਅਗਸਤ (ਪੋਸਟ ਬਿਊਰੋ): ਇੰਡੀਅਨ ਨੈਸ਼ਨਲ ਡਿਵੈਲਪਮੈਂਟਲ ਇਨਕਲੂਸਿਵ ਅਲਾਇੰਸ ਦੇ ਆਗੂਆਂ ਦੇ ਇੱਕ ਵਫ਼ਦ ਨੇ ਬੁੱਧਵਾਰ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਮਣੀਪੁਰ ਮੁੱਦੇ 'ਤੇ ਦਖਲ ਦੇਣ ਦੀ ਅਪੀਲ ਕੀਤੀ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਮੰਗਲਵਾਰ ਨੂੰ ਵਿਰੋਧੀ ਪਾਰਟੀਆਂ ਵਲੋਂ ਰਾਸ਼ਟਰਪਤੀ ਨਾਲ ਮੁਲਾਕਾਤ ਦੀ ਮੰਗ ਕੀਤੀ ਸੀ।

ਖੜਗੇ ਨੇ ਦੱਸਿਆ ਕਿ ਰਾਸ਼ਟਰਪਤੀ ਨਾਲ ਮੁਲਾਕਾਤ ਦੌਰਾਨ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਵੀ ਉਨ੍ਹਾਂ ਨੂੰ ਹਰਿਆਣਾ ਵਿਚ ਹੋਏ ਦੰਗਿਆਂ ਤੋਂ ਜਾਣੂ ਕਰਵਾਇਆ। ਉਨ੍ਹਾਂ ਇਹ ਵੀ ਕਿਹਾ ਕਿ ਮਣੀਪੁਰ ਵਿੱਚ ਸ਼ਾਂਤੀ ਬਹਾਲੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਣੀਪੁਰ ਦਾ ਦੌਰਾ ਕਰਨ ਦੇ ਨਾਲ-ਨਾਲ ਜ਼ਰੂਰੀ ਕਦਮ ਚੁੱਕਣੇ ਚਾਹੀਦੇ ਹਨ।

ਖੜਗੇ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਅਸੀਂ ਰਾਸ਼ਟਰਪਤੀ ਨੂੰ ਮੰਗ ਪੱਤਰ ਸੌਂਪਿਆ ਹੈ। ਉਨ੍ਹਾਂ ਨੂੰ ਉੱਥੇ ਵਾਪਰ ਰਹੀਆਂ ਘਟਨਾਵਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ, 'ਜਦੋਂ ਅਸੀਂ ਲੋਕ ਸਭਾ ਵਿੱਚ ਆਪਣੀ ਗੱਲ ਰੱਖਦਿਆਂ ਥੱਕ ਗਏ ਤਾਂ ਬੇਭਰੋਸਗੀ ਮਤਾ ਲਿਆਉਣਾ ਪਿਆ। ਇਸ ਬਾਰੇ ਕੱਲ੍ਹ ਹੀ ਚਰਚਾ ਹੋਣੀ ਚਾਹੀਦੀ ਸੀ। ਸਰਕਾਰ ਦਾ ਇੱਕ ਹੀ ਉਦੇਸ਼ ਹੈ ਕਿ ਜਵਾਬ ਦੇਣਾ ਅਤੇ ਗੱਲਾਂ ਨੂੰ ਟਾਲਣਾ ਨਹੀਂ। ਖੜਗੇ ਮੁਤਾਬਕ ਵਿਰੋਧੀ ਧਿਰ ਰਾਜ ਸਭਾ ਵਿੱਚ ਨਿਯਮ 267 ਤਹਿਤ ਚਰਚਾ ਚਾਹੁੰਦੀ ਹੈ, ਪਰ ਸਰਕਾਰ ਨਹੀਂ ਸੁਣ ਰਹੀ। ਉਨ੍ਹਾਂ ਕਿਹਾ ਕਿ ਦਿੱਲੀ ਦੇ ਨਾਲ ਲੱਗਦੇ ਸੂਬੇ ਵਿਚ ਦੰਗੇ ਹੋ ਰਹੇ ਹਨ, ਪਰ ਕੋਈ ਧਿਆਨ ਨਹੀਂ ਦਿੰਦਾ। ਵਿਰੋਧੀ ਪਾਰਟੀਆਂ ਦੇ ਨੇਤਾਵਾਂ ਦੇ ਵਫ਼ਦ ਨੇ ਰਾਸ਼ਟਰਪਤੀ ਮੁਰਮੂ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਹੈ ਜਿਸ ਵਿੱਚ ਰਾਸ਼ਟਰਪਤੀ ਤੋਂ ਦਖਲ ਦੀ ਮੰਗ ਕੀਤੀ ਗਈ ਹੈ, ਜਿਸ ਵਿੱਚ ਮਣੀਪੁਰ ਦੀ ਸਥਿਤੀ ਦੇ ਵਿਸਤ੍ਰਿਤ ਵਰਣਨ ਦੇ ਨਾਲ-ਨਾਲ ਉਨ੍ਹਾਂ ਦੇ ਦਖਲ ਦੀ ਮੰਗ ਕੀਤੀ ਗਈ ਹੈ।

# ਕੁਨੋ ਨੈਸ਼ਨਲ ਪਾਰਕ 'ਚ ਇਕ ਹੋਰ ਚੀਤੇ ਦੀ ਮੌਤ, ਹੁਣ ਤੱਕ 9 ਚੀਤਿਆਂ ਦੀ ਹੋ ਚੁੱਕੀ ਹੈ ਮੌਤਾਂ



ਭੋਪਾਲ, 2 ਅਗਸਤ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੇ ਕੁਨੋ ਨੈਸ਼ਨਲ ਪਾਰਕ ਵਿੱਚ ਇੱਕ ਹੋਰ ਚੀਤੇ ਦੀ ਮੌਤ ਹੋ ਗਈ ਹੈ। ਇਹ ਜਾਣਕਾਰੀ ਸੂਬੇ ਦੇ ਜੰਗਲਾਤ ਵਿਭਾਗ ਵੱਲੋਂ ਜਾਰੀ ਬਿਆਨ ਵਿੱਚ ਦਿੱਤੀ ਗਈ ਹੈ। ਪ੍ਰਾਜੈਕਟ ਚੀਤਾ ਦੇ ਹਿੱਸੇ ਵਜੋਂ, 20 ਚੀਤਾ ਨਾਮੀਬੀਆ ਅਤੇ ਦੱਖਣੀ ਅਫਰੀਕਾ ਤੋਂ ਕੁਨੋ ਨੈਸ਼ਨਲ ਪਾਰਕ ਵਿੱਚ ਲਿਆਂਦੇ ਗਏ ਸਨ ਅਤੇ ਬਾਅਦ ਵਿੱਚ ਨਾਮੀਬੀਆ ਦੇ ਚੀਤਾ ਜਵਾਲਾ ਨੇ ਚਾਰ ਬੱਚਿਆਂ ਨੂੰ ਜਨਮ ਦਿੱਤਾ। ਇਨ੍ਹਾਂ 24 ਚੀਤਿਆਂ 'ਚੋਂ 3 ਬੱਚਿਆਂ ਸਮੇਤ 9 ਦੀ ਮੌਤ ਹੋ ਚੁੱਕੀ ਹੈ।

ਕੁਨੋ ਨੈਸ਼ਨਲ ਪਾਰਕ ਵਿੱਚ ਅੱਜ ਸਵੇਰੇ ਇੱਕ ਮਾਦਾ ਚੀਤਾ 'ਧਾਤਰੀ' ਮਰੀ ਹੋਈ ਮਿਲੀ। ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਕਿ ਉਸ ਦੀ ਮੌਤ ਕਿਵੇਂ ਹੋਈ। ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ।

ਇਸ ਦੇ ਨਾਲ ਹੀ ਇੱਕ ਪ੍ਰੈਸ ਨੋਟ ਵਿੱਚ ਦੱਸਿਆ ਗਿਆ ਕਿ ਕੂਨੋ ਨੈਸ਼ਨਲ ਪਾਰਕ ਵਿੱਚ ਰੱਖੇ ਗਏ 14 ਚੀਤੇ (7 ਨਰ, 6 ਮਾਦਾ, 1 ਮਾਦਾ ਬੱਚਾ) ਸਿਹਤਮੰਦ ਹਨ। ਨਾਮੀਬੀਆ ਦੇ ਜੰਗਲੀ ਜੀਵ ਡਾਕਟਰਾਂ ਅਤੇ ਮਾਹਿਰਾਂ ਦੀ ਟੀਮ ਵੱਲੋਂ ਇਨ੍ਹਾਂ ਸਾਰਿਆਂ ਦੀ ਸਿਹਤ ਦੀ ਲਗਾਤਾਰ ਜਾਂਚ ਕੀਤੀ ਜਾ ਰਹੀ ਹੈ। ਵਾੜ ਤੋਂ ਬਾਹਰ ਘੁੰਮ ਰਹੇ 2 ਮਾਂ ਚੀਤਿਆਂ 'ਤੇ ਵੀ ਕੁਨੋ ਦੇ ਨਾਮੀਬੀਆਈ ਮਾਹਿਰਾਂ ਅਤੇ ਜੰਗਲੀ ਜੀਵ ਡਾਕਟਰਾਂ ਦੁਆਰਾ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।

# ਪੁਲਿਸ ਤੋਂ ਬਚਣ ਦੀ ਕੋਸ਼ਿਸ਼ ਵਿਚ ਚੋਰ ਨੇ ਚੋਰੀ ਕੀਤੀ ਕਾਰ ਭੀੜ 'ਤੇ ਚਾੜ੍ਹੀ, ਕਈ ਲੋਕ ਆਏ ਚਪੇਟ ਵਿਚ



ਨਿਊਯਾਰਕ, 2 ਅਗਸਤ (ਪੋਸਟ ਬਿਊਰੋ): ਅਮਰੀਕਾ ਦੇ ਨਿਊਯਾਰਕ ਵਿੱਚ ਪੁਲਿਸ ਤੋਂ ਬਚਣ ਦੀ ਕੋਸ਼ਿਸ਼ ਕਰਦੇ ਹੋਏ ਇੱਕ ਵਿਅਕਤੀ ਨੇ ਚੋਰੀ ਦੀ ਕਾਰ ਭੀੜ ਵਿੱਚ ਭਜਾ ਦਿੱਤੀ। ਇਸ ਕਾਰਨ ਕਾਰ ਹੇਠਾਂ ਆ ਕੇ ਕਈ ਲੋਕ ਜ਼ਖਮੀ ਹੋ ਗਏ। ਮੈਨਹਟਨ ਦੇ ਗ੍ਰੈਂਡ ਸੈਂਟਰਲ ਸਟੇਸ਼ਨ ਨੇੜੇ ਇੱਕ ਵਾਹਨ ਭੀੜ ਵਿੱਚ ਟਕਰਾ ਜਾਣ ਕਾਰਨ ਕਈ ਲੋਕ ਜ਼ਖਮੀ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਇਹ ਘਟਨਾ ਲੈਕਸਿੰਗਟਨ ਐਵੇਨਿਊ ਅਤੇ ਈਸਟ 42ਵੀਂ ਸਟਰੀਟ 'ਤੇ ਸ਼ਾਮ ਕਰੀਬ 5:30 ਵਜੇ ਵਾਪਰੀ। ਨਿਊਯਾਰਕ ਪੋਸਟ ਨੇ ਪੁਲਿਸ ਅਤੇ ਸੂਤਰਾਂ ਦਾ ਹਵਾਲਾ ਦਿੰਦੇ ਹੋਏ ਰਿਪੋਰਟ ਦਿੱਤੀ ਹੈ ਕਿ ਮੰਗਲਵਾਰ ਨੂੰ ਮੈਨਹਟਨ ਵਿੱਚ ਇੱਕ ਚੋਰੀ ਦਾ ਵਾਹਨ ਚਲਾ ਰਿਹਾ ਇੱਕ ਵਿਅਕਤੀ ਤਿੰਨ ਕਾਰਾਂ ਅਤੇ ਕਈ ਪੈਦਲ ਯਾਤਰੀਆਂ ਨੂੰ ਮਾਰ ਕੇ ਪੁਲਿਸ ਤੋਂ ਭੱਜ ਗਿਆ।

ਇਸ ਦੌਰਾਨ ਪਿੱਛਾ ਉਦੋਂ ਖਤਮ ਹੋ ਗਿਆ ਜਦੋਂ ਨਿਊਯਾਰਕ ਦੇ ਲੋਕਾਂ ਨੇ ਸ਼ੱਕੀ ਨੂੰ ਜ਼ਮੀਨ 'ਤੇ ਸੁੱਟ ਲਿਆ। ਕਰੀਬ 12 ਲੋਕ ਜ਼ਖਮੀ ਹੋਏ ਹਨ। ਪੀੜਤਾਂ ਨੂੰ ਇਲਾਜ ਲਈ ਬੇਲੇਵਿਊ ਹਸਪਤਾਲ ਲਿਜਾਇਆ ਗਿਆ। ਪੈਟ੍ਰੋਲ ਬੋਰੋ ਮੈਨਹਟਨ ਸਾਊਥ ਦੇ ਡਿਪਟੀ ਚੀਫ਼ ਜੇਮਸ ਕੇਹੋ ਨੇ ਇੱਕ ਨਿਊਜ਼ ਕਾਨਫਰੰਸ ਨੂੰ ਦੱਸਿਆ ਕਿ ਪੁਲਿਸ ਦੀ ਕਾਰ ਨੂੰ ਦੇਖ ਕੇ ਸ਼ੱਕੀ ਨੇ ਭੱਜਣ ਦੀ ਕੋਸ਼ਿਸ਼ ਕੀਤੀ।

ਕੇਹੋ ਨੇ ਕਿਹਾ ਕਿ ਭਾਰੀ ਟ੍ਰੈਫਿਕ ਕਾਰਨ ਅਧਿਕਾਰੀ ਚੋਰੀ ਹੋਏ ਵਾਹਨ ਦਾ ਪਿੱਛਾ ਕਰਦੇ ਰਹੇ। ਲੇਕਸਿੰਗਟਨ ਐਵੇਨਿਊ ਵੱਲ ਵਧੀ ਅਤੇ 42ਵੀਂ ਅਤੇ 43ਵੀਂ ਸਟਰੀਟ ਦੇ ਵਿਚਕਾਰ ਇੱਕ ਹੋਰ ਵਾਹਨ ਚਾਲਕ ਨੂੰ ਟੱਕਰ ਮਾਰ ਦਿੱਤੀ। ਨਿਊਯਾਰਕ ਪੋਸਟ ਦੀ ਰਿਪੋਰਟ ਮੁਤਾਬਕ ਡਰਾਈਵਰ, ਜਿਸ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ, ਕਿਹਾ ਜਾਂਦਾ ਹੈ ਕਿ ਉਹ 20 ਸਾਲਾ ਵਿਅਕਤੀ ਹੈ ਅਤੇ ਉਸ ਕੋਲ ਲਾਈਸੈਂਸ ਨਹੀਂ ਹੈ।










## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜ਼ਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜ਼ਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com















# ਮੁੱਖ ਮੰਤਰੀ ਨੇ ਘਰਾਂ ਦੇ ਨਿਰਮਾਣ ਲਈ 25000 ਲਾਭਪਾਤਰੀਆਂ ਨੂੰ ਮਾਲੀ ਇਮਦਾਦ ਵਜੋਂ 101 ਕਰੋੜ ਰੁਪਏ ਦੇ ਚੈੱਕ ਸੌਂਪੇ

*** ਸੂਬਾ ਸਰਕਾਰ ਕਮਜ਼ੋਰ ਅਤੇ ਪੱਛੜੇ ਵਰਗਾਂ ਸਣੇ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਵਚਨਬੱਧ**

***ਸੂਬੇ ਦੀ ਹਰੇਕ ਪੰਚਾਇਤ ਨੂੰ ਟਰੈਕਟਰ ਦੇਣ ਲਈ ਸਕੀਮ ਸ਼ੁਰੂ ਕਰਨ ਦਾ ਐਲਾਨ**

ਲੁਧਿਆਣਾ, 2 ਅਗਸਤ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) ਸਕੀਮ ਅਧੀਨ ਘਰਾਂ ਦੇ ਨਿਰਮਾਣ ਲਈ 25000 ਯੋਗ ਲਾਭਪਾਤਰੀਆਂ ਨੂੰ ਮਾਲੀ ਇਮਦਾਦ ਵਜੋਂ 101 ਕਰੋੜ ਰੁਪਏ ਦੇ ਚੈੱਕ ਸੌਂਪੇ। ਇਸ ਸਕੀਮ ਤਹਿਤ ਹਰੇਕ ਲਾਭਪਾਤਰੀ ਨੂੰ 1.75 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ।

ਇਨ੍ਹਾਂ ਲਾਭਪਾਤਰੀਆਂ ਨੂੰ ਚੈੱਕ ਸੌਂਪਣ ਲਈ ਕਰਵਾਏ ਰਾਜ ਪੱਧਰੀ ਸਮਾਗਮ ਦੌਰਾਨ ਆਪਣੇ ਸੰਬੋਧਨ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸਮਾਜ ਦੇ ਸਾਰੇ ਤਬਕਿਆਂ ਖਾਸ ਕਰਕੇ ਆਰਥਿਕ ਤੌਰ ਉਤੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਸਰਕਾਰ ਦਾ ਫਰਜ਼ ਬਣਦਾ ਹੈ ਕਿ ਸੂਬੇ ਦੇ ਸਾਰੇ ਨਾਗਰਿਕਾਂ ਨੂੰ ਰੋਟੀ, ਕੱਪੜਾ ਤੇ ਮਕਾਨ ਦੀਆਂ ਜ਼ਰੂਰਤਾਂ ਮੁਹੱਈਆ ਕਰਵਾਈਆਂ ਜਾਣ। ਭਗਵੰਤ ਮਾਨ ਨੇ ਕਿਹਾ ਕਿ ਇਕ ਕਲਿਆਣਕਾਰੀ ਸੂਬੇ ਵਿਚ ਲੋਕ ਪੱਖੀ ਉਪਰਾਲਿਆਂ ਲਈ ਲੋਕਾਂ ਪਾਸੋਂ ਟੈਕਸ ਵਸੂਲੇ ਜਾਂਦੇ ਹਨ ਜੋ ਟੈਕਸ ਦੇਣ ਵਾਲਿਆਂ ਨੂੰ ਭਲਾਈ ਸਕੀਮਾਂ ਦੇ ਰੂਪ ਵਿਚ ਅਦਾ ਕਰ ਦਿੱਤੇ ਜਾਂਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਉਨ੍ਹਾਂ ਤੋਂ ਪਹਿਲਾਂ ਦੇ ਮੁੱਖ ਮੰਤਰੀ ਤੇ ਮੰਤਰੀ ਖ਼ਜ਼ਾਨਾ ਖਾਲੀ ਹੋਣ ਦਾ ਢਿੰਡੋਰਾ ਪਿੱਟਦੇ ਸਨ ਪਰ ਉਨ੍ਹਾਂ ਦੀ ਸਰਕਾਰ ਸੂਬੇ ਦੇ ਖਜ਼ਾਨੇ ਦਾ ਇਕ-ਇਕ ਪੈਸਾ ਲੋਕਾਂ ਦੀ ਭਲਾਈ ਉਤੇ ਖਰਚ ਰਹੀ ਹੈ। ਉਨ੍ਹਾਂ ਕਿਹਾ ਕਿ ਫੰਡਾਂ ਦੀ ਘਾਟ ਤਾਂ ਪਹਿਲਾਂ ਵੀ ਨਹੀਂ ਹੁੰਦੀ ਸੀ ਪਰ ਸਮੇਂ ਦੀਆਂ ਸਰਕਾਰ ਕੋਲ ਦੂਰਅੰਦੇਸ਼ ਦੀ ਘਾਟ ਸੀ ਪਰ ਉਨ੍ਹਾਂ ਦੀ ਸਰਕਾਰ ਸਾਰੇ ਫੰਡ ਲੋਕਾਂ ਦੀ ਭਲਾਈ ਲਈ ਵਰਤੇਗੀ। ਭਗਵੰਤ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਇਹ ਫੰਡ ਭ੍ਰਿਸ਼ਟ ਨੇਤਾਵਾਂ ਦੀਆਂ ਜੇਬਾਂ ਵਿਚ ਜਾਂਦੇ ਸਨ ਪਰ ਉਨ੍ਹਾਂ ਦੀ ਸਰਕਾਰ ਨੇ ਚੋਰ-ਮੋਰੀਆਂ ਨੂੰ ਸਖ਼ਤੀ ਨਾਲ ਬੰਦ ਕਰ ਦਿੱਤਾ ਜਿਸ ਕਰਕੇ ਹੁਣ ਇਹ ਫੰਡ ਲੋਕਾਂ ਦੀ ਭਲਾਈ ਲਈ ਵਰਤੇ ਜਾਂਦੇ ਹਨ।



ਮੁੱਖ ਮੰਤਰੀ ਨੇ ਕਿਹਾ ਕਿ ਨਾਅਹਿਲ ਅਤੇ ਭ੍ਰਿਸ਼ਟ ਨੇਤਾਵਾਂ ਕਾਰਨ ਲੋਕਾਂ ਦਾ ਸੂਬੇ ਦੀ ਸਿਆਸੀ ਲੀਡਰਸ਼ਿਪ ਵਿਚ ਭਰੋਸਾ ਗੁਆਚ ਚੁੱਕਾ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਸੂਬੇ ਦੇ ਲੋਕਾਂ ਨੇ ਉਨ੍ਹਾਂ ਵਿਚ ਬਹੁਤ ਵਿਸ਼ਵਾਸ ਪ੍ਰਗਟ ਕੀਤਾ ਜਿਸ ਲਈ ਉਹ ਹਮੇਸ਼ਾ ਲੋਕਾਂ ਦੇ ਰਿਣੀ ਰਹਿਣਗੇ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਸਮਾਜ ਦੇ ਹਰੇਕ ਤਬਕੇ ਦੀ ਭਲਾਈ ਯਕੀਨੀ ਬਣਾਉਣ ਅਤੇ ਸੂਬੇ ਦੇ ਵਿਕਾਸ ਉਤੇ ਜ਼ੋਰ ਦੇ ਕੇ ਲੋਕਾਂ ਦੇ ਵਿਸ਼ਵਾਸ ਨੂੰ ਕਾਇਮ ਰੱਖਣ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਸੂਬੇ ਵਿਚ ਸੜਕ ਹਾਦਸਿਆਂ ਕਾਰਨ ਹੁੰਦੀਆਂ ਮੌਤਾਂ ਉਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੀਮਤੀ ਮਨੁੱਖੀ ਜਾਨਾਂ ਬਚਾਉਣ ਲਈ ਉਨ੍ਹਾਂ ਦੀ ਸਰਕਾਰ ਨੇ ਨਿਵੇਕਲੀ ਪਹਿਲ ਕਰਦਿਆਂ ਪਹਿਲੀ ਵਾਰ 'ਸੜਕ ਸੁਰੱਖਿਆ ਫੋਰਸ' ਦੇ ਗਠਨ ਦਾ ਫੈਸਲਾ ਕੀਤਾ ਤਾਂ ਕਿ ਸੂਬੇ ਦੀਆਂ ਸੜਕਾਂ ਉਤੇ ਟਰੈਫਿਕ ਵਿਵਸਥਾ ਨੂੰ ਸੁਚਾਰੂ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਹਰ ਰੋਜ਼ 14 ਮਨੁੱਖੀ ਜਾਨਾਂ ਸੜਕ ਹਾਦਸਿਆਂ ਦੀ ਭੇਟ ਚੜ੍ਹ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਸੜਕਾਂ ਦੀ ਗਸ਼ਤ ਰਾਹੀਂ ਅਜਿਹੇ ਹਾਦਸਿਆਂ ਨੂੰ ਠੱਲ੍ਹ ਪਾਈ ਜਾ ਸਕਦੀ ਹੈ ਜਿਸ ਕਰਕੇ 'ਸੜਕ ਸੁਰੱਖਿਆ ਫੋਰਸ' ਦਾ ਗਠਨ ਕੀਤਾ ਗਿਆ ਹੈ। ਭਗਵੰਤ ਮਾਨ ਨੇ ਕਿਹਾ ਇਸ ਫੋਰਸ ਨੂੰ ਗਲਤ ਢੰਗ ਨਾਲ ਗੱਡੀ ਚਲਾਉਣ, ਸੜਕਾਂ ਉਤੇ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਸੜਕ ਹਾਦਸਿਆਂ ਨੂੰ ਰੋਕਣ ਦਾ ਜ਼ਿੰਮਾ ਸੌਂਪਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਅੱਜ ਸ਼ਹਿਰ ਦੀ ਸਫਾਈ ਤੇ ਹੋਰ ਕਾਰਜਾਂ ਲਈ ਲੁਧਿਆਣਾ ਨਗਰ ਨਿਗਮ ਲਈ 50 ਟਰੈਕਟਰਾਂ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਪਿੰਡਾਂ ਵਿਚ ਸਫਾਈ ਅਤੇ ਹੋਰ ਕੰਮਾਂ ਲਈ ਸੂਬਾ ਸਰਕਾਰ ਵੱਲੋਂ ਹਰੇਕ ਪੰਚ-ਾਇਤ ਨੂੰ ਟਰੈਕਟਰ ਮੁਹੱਈਆ ਕਰਵ-ਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪਹਿਲੇ ਪੜਾਅ ਵਿਚ ਵੱਡੇ ਪਿੰਡਾਂ ਨੂੰ ਟਰੈਕਟਰ ਦਿੱਤੇ ਜਾਣਗੇ ਤਾਂ ਕਿ ਇਨ੍ਹਾਂ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦਿੱਤਾ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਪਿੰਡਾਂ ਵਿਚ ਵਿਕਾਸ ਕੰਮਾਂ ਤੋਂ ਇਲਾਵਾ ਇਹ ਟਰੈਕਟਰ ਖੇਤੀਬਾੜੀ ਮੰਤਵ ਲਈ ਬਿਨਾਂ ਟਰੈਕਟਰ ਵਾਲੇ ਕਿਸਾਨਾਂ ਲਈ ਮਦਦਗਾਰ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿਚ ਸਿੱਖਿਆ, ਸਿਹਤ ਤੇ ਰੋਜ਼ਗਾਰ ਸੈਕਟਰਾਂ ਉਤੇ ਸਭ ਤੋਂ ਵੱਧ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਵਿਦੇਸ਼ ਜਾਣ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਅਜਿਹੇ ਕਦਮ ਚੁੱਕੇ ਜਾਣਾ ਬਹੁਤ ਜ਼ਰੂਰੀ ਹਨ ਤਾਂ ਕਿ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਹੀ ਦਿਸ਼ਾ ਵਿਚ ਲਾਇਆ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੇ ਹਰੇਕ ਖੇਤਰ ਵਿਚ ਨੌਜਵਾਨਾਂ ਕੋਲ ਅਥਾਹ ਸਮਰੱਥਾ ਹੈ ਜਿਸ ਕਰਕੇ ਸਰਕਾਰ ਵੱਲੋਂ ਨੌਜਵਾਨਾਂ ਲਈ ਪੂਰੇ ਯਤਨ ਕੀਤੇ ਜਾ ਰਹੇ ਹਨ ਤਾਂ ਕਿ ਉਨ੍ਹਾਂ ਨੂੰ ਮੁਲਕ ਦੇ ਆਰਥਿਕ-ਸਮਾਜਿਕ ਵਿਕਾਸ ਵਿਚ ਸਰਗਰਮ ਭਾਈਵਾਲ ਬਣਾਇਆ ਜਾ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬੀਆਂ ਵਿਚ ਹਰੇਕ ਚੁਣੌਤੀ ਦਾ ਡਟ ਮੁਕਾਬਲਾ ਕਰਨ ਦੀ ਦਾ ਜਜ਼ਬਾ ਹੈ ਜਿਸ ਕਰਕੇ ਪੰਜਾਬੀ ਹਰੇਕ ਮੈਦਾਨ ਫਤਹਿ ਕਰਦੇ ਹਨ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਗੁਰੂਆਂ-ਪੀਰਾਂ, ਸੰਤ-ਮਹਾਤਮਾ, ਦੇਵੀ-ਦੇਵਤਿਆਂ ਅਤੇ ਮਹਾਨ ਸ਼ਹੀਦਾਂ ਦੀ ਧਰਤੀ ਹੈ ਅਤੇ ਬਹਾਦਰ ਪੰਜਾਬੀਆਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਜਬਰ, ਬੇਇਨਸਾਫੀ ਅਤੇ ਦਮਨ ਦੀ ਹਮੇਸ਼ਾ ਜ਼ੋਰਦਾਰ ਮੁਖਲਾਫ਼ਤ ਕੀਤੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਆਜ਼ਾਦੀ ਸੰਘਰਸ਼, ਸਰਹੱਦਾਂ ਦੀ ਰਾਖੀ, ਅਨਾਜ ਉਤਪਾਦਨ ਵਿਚ ਮੁਲਕ ਨੂੰ ਸਵੈ-ਨਿਰਭਰ ਬਣਾਉਣ, ਏਕਤਾ ਤੇ ਅਖੰਡਤਾ ਅਤੇ ਫਿਰਕੂ ਸਦਭਾਵਨਾ ਕਾਇਮ ਰੱਖਣ ਲਈ ਪੰਜਾਬੀਆਂ ਲਾਮਿਸਾਲ ਯੋਗਦਾਨ ਪਾਇਆ ਹੈ। ਇਸ ਮੌਕੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਤੇ ਹੋਰ ਹਾਜ਼ਰ ਸਨ।

# ਐਮ. ਪੀ. ਪਟਿਆਲਾ ਪ੍ਰਨੀਤ ਕੌਰ ਨੇ ਕੇਂਦਰੀ ਸੜਕ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕੀਤੀ

ਪਟਿਆਲਾ/ਦਿੱਲੀ, 2 ਅਗਸਤ (ਗਿਆਨ ਸਿੰਘ): ਸਾਬਕਾ ਵਿਦੇਸ਼ ਮੰਤਰੀ ਅਤੇ ਪਟਿਆਲਾ ਤੋਂ ਮੌਜੂਦਾ ਸੰਸਦ ਪਾਰਲੀਮੈਂਟ ਪ੍ਰਨੀਤ ਕੌਰ ਨੇ ਅੱਜ ਕੇਂਦਰੀ ਸੜਕ ਅਤੇ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਪਟਿਆਲਾ ਜ਼ਿਲ੍ਹੇ ਨਾਲ ਸਬੰਧਤ ਵੱਖ-ਵੱਖ ਮੁੱਦੇ ਉਠਾਏ।

ਇੱਥੇ ਜਾਰੀ ਇੱਕ ਬਿਆਨ ਵਿੱਚ ਸੰਸਦ ਮੈਂਬਰ ਨੇ ਦੱਸਿਆ ਕਿ ਉਨ੍ਹਾਂ ਨੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਕੋਲ ਉੱਤਰੀ ਪਟਿਆਲਾ ਬਾਈਪਾਸ ਦੇ ਨੂੰ ਜਲਦ ਮੁਕੰਮਲ ਕਰਨ ਅਤੇ ਦਿੱਲੀ ਕਟੜਾ ਐਕਸਪ੍ਰੈਸ ਵੇਅ 'ਤੇ ਵੱਖ-ਵੱਖ ਪੁਆਇੰਟਾਂ 'ਤੇ ਪੁਲੀਆਂ ਬਣਾਉਣ ਸਮੇਤ ਕਈ ਮੁੱਦੇ ਉਠਾਏ ਹਨ।

ਵਧੇਰੇ ਜਾਣਕਾਰੀ ਦਿੰਦੇ ਹੋਏ ਪਟਿਆਲਾ ਦੇ ਸੰਸਦ ਮੈਂਬਰ ਨੇ ਕਿਹਾ, "ਮੈਂ ਪਟਿਆਲਾ ਦੇ ਉੱਤਰੀ ਬਾਈਪਾਸ ਦਾ ਮੁੱਦਾ ਉਠਾਇਆ ਸੀ, ਜੋ ਕਿ ਸਾਡੇ ਲੋਕਾਂ ਦੀ ਲੰਬੇ ਸਮੇਂ ਤੋਂ ਮੰਗ ਹੈ। ਪ੍ਰੋਜੈਕਟ ਸ਼ੁਰੂ ਹੋਣ ਦੇ ਇੰਨੇ ਸਾਲਾਂ ਬਾਅਦ ਵੀ ਇਹ ਪ੍ਰੋਜੈਕਟ ਅਜੇ ਵੀ ਅਧੂਰਾ ਹੈ ਅਤੇ ਇਸ ਨੂੰ ਲਈ ਮੈਂ ਨਿਤਿਨ ਗਡਕਰੀ ਨੂੰ ਅਪੀਲ ਕੀਤੀ ਹੈ ਕਿ ਇਸ 27 ਕਿਲੋਮੀਟਰ



**ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਮੁੱਦਿਆਂ ਨੂੰ ਉਠਾਇਆ**

ਲੰਬੇ ਪ੍ਰੋਜੈਕਟ ਨੂੰ ਭਾਰਤਮਾਲਾ ਪਰਯੋਜਨਾ ਦੇ ਤਹਿਤ ਲਿਆਉਣ ਅਤੇ ਨੂੰ ਪ੍ਰੋਜੈਕਟ ਦੀ 100% ਲਾਗਤ ਚੁੱਕਣ ਲਈ ਕਹਿਣ, ਤਾਂ ਜੋ ਕੰਮ ਵਿੱਚ ਤੇਜ਼ੀ ਲਿਆਂਦੀ ਜਾ ਸਕੇ।"

ਉਨ੍ਹਾਂ ਨੇ ਅੱਗੇ ਦੱਸਿਆ ਕਿ, "ਇਸ ਪ੍ਰੋਜੈਕਟ ਦੇ ਰੁਕਣ ਨਾਲ ਲਗਭਗ 450 ਪਰਿਵਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ ਕਿਉਂਕਿ ਉਨ੍ਹਾਂ ਦੀ ਜ਼ਮੀਨ ਲਈ ਐਕੁਆਇਰ ਕਰਨ ਦਾ 3ਡੀ ਐਲਾਨਨਾਮਾ ਹੋ ਚੁੱਕਾ ਹੈ ਪਰ ਨਾ ਤਾਂ ਉਨ੍ਹਾਂ ਨੂੰ ਆਪਣੀ ਜ਼ਮੀਨ ਦਾ ਬਣਦਾ ਪੈਸਾ ਮਿਲ ਰਿਹਾ ਹੈ ਅਤੇ ਨਾ ਹੀ ਉਨ੍ਹਾਂ ਨੂੰ ਕਰਜ਼ਾ ਲੈਣ ਜਾਂ ਜ਼ਮੀਨ ਕਿਸੇ ਹੋਰ ਨੂੰ ਵੇਚਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ।"

ਪ੍ਰਨੀਤ ਕੌਰ ਨੇ ਸੁਤਰਾਣਾ ਦੇ ਪਿੰਡ ਠਰੂਆਂ ਅਤੇ ਮੋਮੀਆਂ ਵਿੱਚੋਂ ਲੰਘਦੇ ਦਿੱਲੀ ਕਟੜਾ ਐਕਸਪ੍ਰੈਸ ਵੇਅ 'ਤੇ ਪੁਲੀ ਬਣਾਉਣ ਦੀ ਮੰਗ ਵੀ ਉਠਾਈ ਤਾਂ ਜੋ ਆਸ-ਪਾਸ ਦੇ ਪਿੰਡਾਂ ਵਿੱਚ ਪਾਣੀ ਭਰਨ ਅਤੇ ਹੜ੍ਹਾਂ ਦੀ ਸਮੱਸਿਆ ਨੂੰ ਹੱਲ ਕੀਤਾ ਜਾ ਸਕੇ।

ਉਨ੍ਹਾਂ ਨੇ ਪਿੰਡ ਚੌਰਾ ਨੇੜੇ ਦੱਖਣੀ ਬਾਈਪਾਸ -07 'ਤੇ ਸਲਿੱਪ ਰੋਡ ਦਾ ਨਿਰਮਾਣ, -07 ਤੋਂ ਪਿੰਡ ਰਾਜਗੜ੍ਹ ਅਤੇ ਚੂਹੜ ਕਲਾਂ ਤੱਕ ਰਸਤਾ ਅਤੇ -44 ਤੋਂ ਰਾਜਪੁਰਾ ਸ਼ਹਿਰ ਤੱਕ ਵਿਸ਼ੇਸ਼ ਰਸਤਾ ਮੁਹੱਈਆ ਕਰਵਾਉਣ ਸਮੇਤ ਕੁਝ ਹੋਰ ਮੰਗਾਂ ਵੀ ਉਠਾਈਆਂ।


URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੂਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC. REALTOR MLS
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd / Mcvean Dr / Gore Rd / Squire Ellis Dr / DENTISTRY / Countryside Dr



Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED
CHEEMA
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com







FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017